ਸਾਰਗ ਮਹਲਾ ੫ ॥ਮੇਰੋ ਮਨੁ ਜਤ ਕਤ ਤੁਝਹਿ ਸਮ੍ਾਰੈ ॥ ਹਮ ਬਾਰਿਕ ਦੀਨ ਪਿਤਾ ਪ੍ਰਭ ਮੇਰੇ ਜਿਉ ਜਾਨਹਿ ਤਿਉ ਪਾਰੈ ॥੧॥ ਰਹਾਉ ॥ ਜਬ ਭੁਖੌ ਤਬ ਭੋਜਨੁ ਮਾਂਗੈ ਅਘਾਏ ਸੂਖ ਸਘਾਰੈ ॥ ਤਬ ਅਰੋਗ ਜਬ ਤੁਮ ਸੰਗਿ ਬਸਤੌ ਛੁਟਕਤ ਹੋਇ ਰਵਾਰੈ ॥ ੧॥ ਕਵਨ ਬਸੇਰੋ ਦਾਸ ਦਾਸਨ ਕੋ ਥਾਪਿ ਉਥਾਪਨਹਾਰੈ ॥ ਨਾਮੁ ਨ ਬਿਸਰੈ ਤਬ ਜੀਵਨੁ ਪਾਈਐ ਬਿਨਤੀ ਨਾਨਕ ਇਹ ਸਾਰੈ ॥ ੨॥੨੯॥੫੨॥

{ਪੰਨਾ 1214}

ਪਦਅਰਥ:- ਜਤ ਕਤ—ਜਿੱਥੇ ਕਿੱਥੇ, ਹਰ ਥਾਂ। ਤੁਝਹਿ—ਤੈਨੂੰ ਹੀ। ਸਮ੍ਾਰੈ—ਯਾਦ ਕਰਦਾ ਹੈ। ਦੀਨ—ਗਰੀਬ। ਪ੍ਰਭ—ਹੇ ਪ੍ਰਭੂ! ਜਿਉ ਜਾਨਹਿ—ਜਿਵੇਂ ਤੂੰ ਜਾਣਦਾ ਹੈਂ। ਪਾਰੈ—ਪਾਰ ਉਤਾਰ।1। ਰਹਾਉ।

ਮਾਂਗੈ—(ਬਾਲਕ) ਮੰਗਦਾ ਹੈ। ਅਘਾਏ—(ਜਦੋਂ) ਰੱਜ ਜਾਂਦਾ ਹੈ। ਸਘਾਰੈ—ਸਗਲੇ, ਸਾਰੇ। ਤੁਮ ਸੰਗਿ—ਤੇਰੇ ਨਾਲ। ਛੁਟਕਤ—(ਤੈਥੋਂ) ਵਿਛੁੜਿਆ ਹੋਇਆ। ਰਵਾਰੈ—ਧੂੜ, ਮਿੱਟੀ।1।

ਬਸੇਰੋ—ਵੱਸ, ਜ਼ੋਰ। ਕੋ—ਦਾ। ਥਾਪਿ—ਥਾਪ ਕੇ, ਪੈਦਾ ਕਰ ਕੇ। ਉਥਾਪਨਹਾਰੈ—ਨਾਸ ਕਰਨ ਵਾਲਾ ਹੈਂ। ਪਾਈਐ—ਹਾਸਲ ਕਰੀਦਾ ਹੈ। ਬਿਨਤੀ ਸਾਰੈ—ਬੇਨਤੀ ਕਰਦਾ ਹੈ।2।

ਅਰਥ:- ਹੇ ਪ੍ਰਭੂ! ਮੇਰਾ ਮਨ ਹਰ ਥਾਂ ਤੈਨੂੰ ਯਾਦ ਕਰਦਾ ਹੈ। ਹੇ ਮੇਰੇ ਪ੍ਰਭੂ-ਪਿਤਾ! ਅਸੀਂ (ਤੇਰੇ) ਗਰੀਬ ਬੱਚੇ ਹਾਂ, ਜਿਵੇਂ ਹੋ ਸਕੇ ਤਿਵੇਂ (ਸਾਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ।1। ਰਹਾਉ।

ਹੇ ਪ੍ਰਭੂ! ਜਦੋਂ (ਬੱਚਾ) ਭੁੱਖਾ ਹੁੰਦਾ ਹੈ ਤਦੋਂ (ਖਾਣ ਨੂੰ) ਭੋਜਨ ਮੰਗਦਾ ਹੈ, ਜਦੋਂ ਰੱਜ ਜਾਂਦਾ ਹੈ, ਤਦੋਂ ਉਸ ਨੂੰ ਸਾਰੇ ਸੁਖ (ਪ੍ਰਤੀਤ ਹੁੰਦੇ ਹਨ)। (ਇਸੇ ਤਰ੍ਹਾਂ ਇਹ ਜੀਵ) ਜਦੋਂ ਤੇਰੇ ਨਾਲ (ਤੇਰੇ ਚਰਨਾਂ ਵਿਚ) ਵੱਸਦਾ ਹੈ, ਤਦੋਂ ਇਸ ਨੂੰ ਕੋਈ ਰੋਗ ਨਹੀਂ ਸਤਾਂਦਾ, (ਤੈਥੋਂ) ਵਿਛੁੜਿਆ ਹੋਇਆ (ਇਹ) ਮਿੱਟੀ ਹੋ ਜਾਂਦਾ ਹੈ।1।

ਹੇ ਪ੍ਰਭੂ! ਤੇਰੇ ਦਾਸਾਂ ਦੇ ਦਾਸ ਦਾ ਕੀਹ ਜ਼ੋਰ ਚੱਲ ਸਕਦਾ ਹੈ? ਤੂੰ ਆਪ ਹੀ ਪੈਦਾ ਕਰਨ ਵਾਲਾ ਹੈਂ। (ਤੇਰਾ ਦਾਸ) ਨਾਨਕ ਇਹ (ਹੀ) ਬੇਨਤੀ ਕਰਦਾ ਹੈ—ਜਦੋਂ ਤੇਰਾ ਨਾਮ ਨਹੀਂ ਭੁੱਲਦਾ, ਤਦੋਂ (ਆਤਮਕ) ਜੀਵਨ ਹਾਸਲ ਕਰੀਦਾ ਹੈ।2। 29। 52।